ਆਸਾ ਮਹਲਾ ੫ ॥ ਤੂ ਮੇਰਾ ਤਰੰਗੁ ਹਮ ਮੀਨ ਤੁਮਾਰੇ ॥ ਤੂ ਮੇਰਾ ਠਾਕੁਰੁ ਹਮ ਤੇਰੈ ਦੁਆਰੇ ॥੧॥ ਤੂੰ ਮੇਰਾ ਕਰਤਾ ਹਉ ਸੇਵਕੁ ਤੇਰਾ ॥ ਸਰਣਿ ਗਹੀ ਪ੍ਰਭ ਗੁਨੀ ਗਹੇਰਾ ॥੧॥ ਰਹਾਉ ॥ ਤੂ ਮੇਰਾ ਜੀਵਨੁ ਤੂ ਆਧਾਰੁ ॥ ਤੁਝਹਿ ਪੇਖਿ ਬਿਗਸੈ ਕਉਲਾਰੁ ॥੨॥ ਤੂ ਮੇਰੀ ਗਤਿ ਪਤਿ ਤੂ ਪਰਵਾਨੁ ॥ ਤੂ ਸਮਰਥੁ ਮੈ ਤੇਰਾ ਤਾਣੁ ॥ ੩॥ ਅਨਦਿਨੁ ਜਪਉ ਨਾਮ ਗੁਣਤਾਸਿ ॥ ਨਾਨਕ ਕੀ ਪ੍ਰਭ ਪਹਿ ਅਰਦਾਸਿ ॥੪॥੨੩॥੭੪॥ {ਪੰਨਾ 389}

ਪਦਅਰਥ:- ਤਰੰਗੁ—ਪਾਣੀ ਦੀ ਲਹਿਰ, ਪਾਣੀ, ਦਰਿਆ। ਮੀਨ—ਮੱਛੀ। ਠਾਕੁਰੁ—ਮਾਲਕ। ਤੇਰੈ ਦੁਆਰੇ—ਤੇਰੇ ਦਰ ਤੇ।1।

ਕਰਤਾ—ਪੈਦਾ ਕਰਨ ਵਾਲਾ। ਹਉ—ਮੈਂ। ਗਹੀ—ਫੜੀ। ਪ੍ਰਭੁ—ਹੇ ਪ੍ਰਭੂ! ਗੁਨੀ ਗਹੇਰਾ—ਗੁਣਾਂ ਦਾ ਡੂੰਘਾ ਸਮੁੰਦਰ।1। ਰਹਾਉ।

ਆਧਾਰੁ—ਆਸਰਾ। ਪੇਖਿ—ਵੇਖ ਕੇ। ਕਉਲਾਰੁ—ਕੌਲ-ਫੁੱਲ। ਬਿਗਸੈ—ਖਿੜਦਾ ਹੈ।2।

ਗਤਿ—ਉੱਚੀ ਆਤਮਕ ਅਵਸਥਾ। ਪਤਿ—ਇੱਜ਼ਤ। ਪਰਵਾਨੁ—ਕਬੂਲ। ਸਮਰਥੁ—ਤਾਕਤਾਂ ਦਾ ਮਾਲਕ।3।

ਅਨਦਿਨੁ—ਹਰ ਰੋਜ਼। ਜਪਉ—ਮੈਂ ਜਪਾਂ, ਜਪਉਂ। ਗੁਣਤਾਸਿ—ਹੇ ਗੁਣਾਂ ਦੇ ਖ਼ਜ਼ਾਨੇ! ਪਹਿ—ਪਾਸ।4।

ਅਰਥ:- ਹੇ ਪ੍ਰਭੂ! ਤੂੰ ਮੇਰਾ ਪੈਦਾ ਕਰਨ ਵਾਲਾ ਹੈਂ, ਮੈਂ ਤੇਰਾ ਦਾਸ ਹਾਂ। ਹੇ ਸਾਰੇ ਗੁਣਾਂ ਦੇ ਡੂੰਘੇ ਸਮੁੰਦਰ ਪ੍ਰਭੂ! ਮੈਂ ਤੇਰੀ ਸਰਨ ਫੜੀ ਹੈ।1। ਰਹਾਉ।

ਹੇ ਮਾਲਕ-ਪ੍ਰਭੂ! ਤੂੰ ਮੇਰਾ ਦਰੀਆ ਹੈਂ! ਮੈਂ ਤੇਰੀ ਮੱਛੀ ਹਾਂ (ਮੱਛੀ ਵਾਂਗ ਮੈਂ ਜਿਤਨਾ ਚਿਰ ਤੇਰੇ ਵਿਚ ਟਿਕਿਆ ਰਹਿੰਦਾ ਹਾਂ ਉਤਨਾ ਚਿਰ ਮੈਨੂੰ ਆਤਮਕ ਜੀਵਨ ਮਿਲਿਆ ਰਹਿੰਦਾ ਹੈ)। ਹੇ ਪ੍ਰਭੂ! ਤੂੰ ਮੇਰਾ ਮਾਲਕ ਹੈਂ, ਮੈਂ ਤੇਰੇ ਦਰ ਤੇ (ਆ ਡਿੱਗਾ) ਹਾਂ।1।

ਹੇ ਪ੍ਰਭੂ! ਤੂੰ ਹੀ ਮੇਰੀ ਜ਼ਿੰਦਗੀ (ਦਾ ਮੂਲ) ਹੈਂ ਤੂੰ ਹੀ ਮੇਰਾ ਆਸਰਾ ਹੈਂ, ਤੈਨੂੰ ਵੇਖ ਕੇ (ਮੇਰਾ ਹਿਰਦਾ ਇਉਂ) ਖਿੜਦਾ ਹੈ (ਜਿਵੇਂ) ਕੌਲ-ਫੁੱਲ (ਸੂਰਜ ਨੂੰ ਵੇਖ ਕੇ ਖਿੜਦਾ ਹੈ)।2।

ਹੇ ਪ੍ਰਭੂ! ਤੂੰ ਹੀ ਮੇਰੀ ਉੱਚੀ ਆਤਮਕ ਅਵਸਥਾ ਤੇ (ਲੋਕ ਪਰਲੋਕ ਦੀ) ਇੱਜ਼ਤ (ਦਾ ਰਾਖਾ) ਹੈਂ, (ਜੋ ਕੁਝ) ਤੂੰ (ਕਰਦਾ ਹੈਂ ਉਹ) ਮੈਂ ਖਿੜੇ-ਮੱਥੇ ਮੰਨਦਾ ਹਾਂ। ਤੂੰ ਹਰੇਕ ਤਾਕਤ ਦਾ ਮਾਲਕ ਹੈਂ, ਮੈਨੂੰ ਤੇਰਾ ਹੀ ਸਹਾਰਾ ਹੈ।3।

ਹੇ ਪ੍ਰਭੂ! ਹੇ ਗੁਣਾਂ ਦੇ ਖ਼ਜ਼ਾਨੇ! ਨਾਨਕ ਦੀ ਤੇਰੇ ਪਾਸ ਇਹ ਬੇਨਤੀ ਹੈ (—ਮੇਹਰ ਕਰ) ਮੈਂ ਸਦਾ ਹਰ ਵੇਲੇ ਤੇਰਾ ਨਾਮ ਹੀ ਜਪਦਾ ਰਹਾਂ।4। 23। 74।